**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਹਰਵਿੰਦਰ ਸਿੰਘ ਪੁੱਤਰ ਸ੍ਰੀ ਲਾਲ ਸਿੰਘ,(8284817878)
ਪਿੰਡ ਫੀਡੇ ਖੁਰਦ, ਡਾਕਖਾਨਾ ਵਾਂਡਰ ਜਨਤਾ, ਤਹਿਸੀਲ ਕੋਟ ਕਪੂਰਾ,
ਜ਼ਿਲ੍ਹਾ ਫਰੀਦਕੋਟ --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਫਰੀਦਕੋਟ ਡਵਿਜਨ, ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਫਰੀਦਕੋਟ ਡਵਿਜਨ, ਫਰੀਦਕੋਟ। ----------ਉੱਤਰਦਾਤਾ

**ਅਪੀਲ ਕੇਸ ਨੰ: 4308 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਮਨਜੀਤ ਸਿੰਘ,ਜੂਨੀਅਰ ਸਹਾਇਕ (9501699233)।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-7-2019 , ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਫਰੀਦਕੋਟ ਡਵਿਜਨ, ਫਰੀਦਕੋਟ ਨੂੰ ਪੇਸ਼ ਕੀਤਾ ਗਿਆ ਜਿਸ ਰਾਹੀਂ ਉਸ ਨੇ ਚਕੌਤੇ ਦੀ ਰਸੀਦ ਸੀਜਨ 1976-77 ਦੀ ਤਸਦੀਕ ਸੁਦਾ ਨਕਲ ਸਪਲਾਈ ਨਾ ਕਰਨ ਨਾਲ ਸਬੰਧਤ 17 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 19-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 23-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਪਿਛਲੀ ਮਿਤੀ 05-02-2020 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਮਨਜੀਤ ਸਿੰਘ ਜੂਨੀਅਰ ਸਹਾਇਕ ਹਾਜ਼ਰ ਹੋਏ ਉਨ੍ਹਾਂ ਵਲੋਂ ਪੱਤਰ ਮੀਮੋ ਨੰ: ਆਰ.ਟੀ.ਆਈ.2018/92 ਮਿਤੀ 28-7-2018 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਪੇਸ਼ ਕੀਤਾ ਗਿਆ। ਜਿਸ ਰਾਹੀਂ ਸੂਚਿਤ ਕੀਤਾ ਗਿਆ ਕਿ ਆਪ ਵਲੋਂ ਮੰਗੀ ਰਸੀਦ ਸਬੰਧਤ ਫਾਇਲ ਵਿਚੋਂ ਚੈਕ ਕੀਤੀ ਗਈ ਜ਼ੋ ਫਾਇਲ ਵਿਚ ਨਹੀਂ ਹੈ। ਇਸ ਤਰ੍ਹਾਂ ਉਸ ਵਲੋ ਦਸਿਆ ਗਿਆ ਕਿ 1977 ਦੀ ਰਸੀਦ ਹੈ ਇਹ ਰਿਕਾਰਡ ਵਿਚ ਨਹ੍ਹੀ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਸਬੰਧੀ ਹਲਫੀਆ ਬਿਆਨ ਫਾਇਲ ਕੀਤਾ ਜਾਵੇ। ਇਸ ਦੇ ਨਾਲ ਹੀ ਸਪੱਸ਼ਟ ਕੀਤਾ ਗਿਆ ਸੀ ਕਿ ਇਹ ਕੇਸ ਆਹਮਣੇ ਸਾਹਮਣੇ ਹੋ ਕੇ ਸੁਲਝਣ ਵਾਲਾ ਹੈ ਇਸ ਲਈ ਅਪੀਲਕਰਤਾ ਨੂੰ ਕੀ ਚਾਹੀਦਾ ਹੈ ਪੇਸ਼ੀ ਤੇ ਹਾਜ਼ਰ ਹੋ ਕੇ ਦਸੇ ਕੀ ਉਹ ਕੀ ਜਾਣਕਾਰੀ ਲੈਣਾ ਚਾਹੁੰਦਾ ਹੈ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਮਨਜੀਤ ਸਿੰਘ ਜੂਨੀਅਰ ਸਹਾਇਕ ਹਾਜ਼ਰ ਹਇਆ ਉਸ ਵਲੋਂ ਹਲਫੀਆ ਬਿਆਨ ਮਿਤੀ 16-3-2020 ਪੇਸ਼ ਕੀਤਾ ਗਿਆ। ਮਿਸਲ ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਨੂੰ ਪਿਛਲੀ ਮਿਤੀ ਨੂੰ ਜ਼ਾਰੀ ਹੁਕੱਮਾਂ ਵਿਚ ਸਪੱਸ਼ਟ ਕੀਤਾ ਗਿਆ ਸੀ ਕਿ ਇਹ ਕੇਸ ਆਹਮਣੇ ਸਾਹਮਣੇ ਹੋ ਕੇ ਸੁਲਝਣ ਵਾਲਾ ਹੈ ਇਸ ਲਈ ਅਪੀਲਕਰਤਾ ਨੂੰ ਕੀ ਚਾਹੀਦਾ ਹੈ ਪੇਸ਼ੀ ਤੇ ਹਾਜ਼ਰ ਹੋ ਕੇ ਦਸੇ । ਪਰ ਉਹ ਹਾਜ਼ਰ ਨਹੀਂ ਹੋਇਆ। ਉੱਤਰਦਾਤਾ ਵਲੋਂ ਪਿਛਲੀ ਮਿਤੀ 05-02-2020 ਨੂੰ ਕਮਿਸ਼ਨ ਵਲੋਂ ਕੀਤੇ ਗਏ ਹੁਕੱਮਾਂ ਅਨੁਸਾਰ ਸ੍ਰੀ ਰਾਜਪਾਲ ਸਿੰਘ, ਸਹਾਇਕ ਲੋਕ ਸੂਚਨਾ ਅਫਸਰ ਦਫਤਰ ਕਮਿਸ਼ਨਰ ਫਰੀਦਕੋਟ ਮੰਡਲ, ਫਰੀਦਕੋਟ ਵਲੋਂ ਹਲਫਿਆ ਬਿਆਨ ਮਿਤੀ 16-3-2020 ਪੇਸ਼ ਕੀਤਾ ਗਿਆ ਜਿਸ ਰਾਹੀਂ ਬਿਆਨ ਕੀਤਾ ਗਿਆ ਕਿ ਮੰਗੀ ਗਈ ਚਕੋਤਾ ਰਸੀਦ ਸਾਲ 1977 ਇਸ ਅਦਾਲਤ ਦੀ ਮਿਸਲ ਨੰ:ਪੀਪੀ-12/1998(103/98) ਰਜੂਆ 3-12-1998 ਅਨੁਵਾਨ ਗਰਾਂਮ ਪੰਚਾਇਤ ਫਿੱਡੇ ਖੁਰਦ ਬਨਾਮ

ਪਰਤੋ ਜੀ------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 4308 ਆਫ 2019**

ਮੁਖਤਿਆਰ ਕੌਰ ਵਾਸੀ ਪਿੰਡ ਫਿੱਡੇ ਖੁਰਦ ਵਿਚ ਮੌਜੂਦ ਨਹੀਂ ਹੈ। ਇਸ ਤਰ੍ਹਾਂ ਕਮਿਸ਼ਨ ਦੇ ਹੁਕੱਮਾਂ ਅਨੁਸਾਰ ਲੋੜੀਂਦਾ ਹਲਫਿਆ ਬਿਆਨ ਫਾਇਲ ਕਰ ਦਿੱਤਾ ਗਿਆ ਹੈ ਅਤੇ ਕਮਿਸ਼ਨ ਦਿੱਤੀ ਜਾ ਰਹੀ ਸੂਚਨਾ ਤੋ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 17 ਮਾਰਚ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125, ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ ਸਕੱਤਰ,
ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ।
ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3818 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੋਰਵ ਗੋਇਲ, ਡੀ.ਈ.ਓ.(7355229505)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸਿਅਲ ਨਾਲ ਕਮਰਸ਼ਿਅਲ ਵਾਹਨਾ ਲਈ ਜ਼ਾਰੀ ਕੀਤੇ ਗਏ ਡਰਾਇਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 05-02-2020 ਨੂੰ ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ, ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਪੀ.ਆਈ.ਓ. ਦੇ ਵੱਡੇ ਭਰਾ ਆਕਾਲ ਚਲਾਨਾ ਕਰ ਗਏ ਹਨ ਇਸ ਲਈ ਉਹ ਹਾਜ਼ਰ ਨਹੀਂ ਹੋ ਸਕਦੇ। ਇਸ ਲਈ ਅਗਲੀ ਤਾਰੀਖ ਦਿੱਤੀ ਜਾਵੇ। ਇਸ ਸਬੰਧ ਵਿਚ ਪੀ.ਆਈ.ਓ. ਵਲੋਂ ਪੱਤਰ ਨੰ: 4602/ਆਰ.ਟੀ.ਏ./ਬਠਿੰਡਾ ਮਿਤੀ 4-2-2020 ਈ.ਮੇਲ ਰਾਹੀਂ ਪ੍ਰਾਪਤ ਹੋਇਆ ਜਿਸ ਰਾਹੀਂ ਉਕਤ ਕਥਨ ਦੀ ਪੁਸਟੀ ਕੀਤੀ ਗਈ। ਸ੍ਰੀ ਭੁਪਿੰਦਰ ਸਿੰਘ ਨੂੰ ਹਦਾਇਤ ਕੀਤੀ ਗਈ ਸੀ ਕਿ ਉਹ ਪੇਸ਼ੀ ਤੇ ਆਪ ਹਾਜ਼ਰ ਹੋਣ ਅਤੇ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ/ਜਾਣਕਾਰੀ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੋਰਵ ਗੋਇਲ, ਡੀ.ਈ.ਓ. ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 5078/2020 ਮਿਤੀ 16-3-2020 ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਉਕਤ ਪੱਤਰ ਮਿਤੀ 16-3-2020 ਜ਼ੋ ਕਿ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਪੱਤਰ ਨੰ: 468/ਏਡੀ.ਟੀ.ਟੀ./ਆਰ.ਟੀ.ਏ./ਬੀਟੀ.ਆਈ. ਮਿਤੀ 7-8-2019 ਰਾਹੀਂ ਸੂਚਨਾ ਦਿੱਤੀ ਜਾ ਚੁੱਕੀ ਹੈ, ਲਿਆਂਗੀ ਗਈ ਸੂਚਨਾ ਸਵਿਕਾਰ ਨਹੀਂ ਕੀਤੀ ਜਾ ਸਕਦੀ ਕਿਉਂਜੋ ਇਸ ਵਿਚ ਕੋਈ ਸੂਚਨਾ ਨਹੀਂ ਦਿਤੀ ਗਈ ਬਲਕਿ ਸਟਾਫ ਦੀ ਘਾਟ ਦਸੀ ਗਈ ਹੈ। ਇਸ ਲਈ ਹਾਜ਼ਰ ਨੁਮਾਇੰਦੇ ਨੂੰ ਸਮਝਾ ਦਿੱਤਾ ਗਿਆ ਹੈ ਕਿ ਮੰਗੀ ਗਈ ਸੂਚਨਾ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦਿੱਤੀ ਜਾਵੇ। ਇਸ ਹਦਾਇਤ ਨਾਲ ਇਹ **ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 23-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 17 ਮਾਰਚ, 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਦੀਪ ਸਿੰਘ 9356211555
437 ਏ ਮੋਡਲ ਟਾਉਨ ਏਕਸਟੈਂਸ਼ਨ ਲੁਧਿਆਣਾ।                         -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਮ.ਸੀ. ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ
ਐਮ.ਸੀ. ਲੁਧਿਆਣਾ।                         --------ਉੱਤਰਦਾਤਾ

**<u>ਅਪੀਲ ਕੇਸ ਨੰ: 3633/2019</u>**

**ਹਾਜ਼ਰ:-**

1) ਅਪੀਲਕਰਤਾ ਸ਼੍ਰੀ ਕੁਲਦੀਪ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੰਦੀਪ ਕੁਮਾਰ, ਲੇਖਾਕਾਰ (9855035033)

**<u>ਹੁੱਕਮ:</u>**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019, ਲੋਕ ਸੂਚਨਾ ਅਧਿਕਾਰੀ, ਦਫਤਰ ਐਮ.ਸੀ. ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਨਿਗਮ ਲੁਧਿਆਣਾ ਵਿਚ ਤੈਨਾਤ ਸਟਾਫ ਨਾਲ ਸਬੰਧਤ 11 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਇਸ ਉਪਰੰਤ ਅਗਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2 ਪਿਛਲੀ ਮਿਤੀ 05-02-2020 ਨੂੰ ਅਪੀਲਕਰਤਾ ਸ਼੍ਰੀ ਕੁਲਦੀਪ ਸਿੰਘ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਮੰਗੀ ਗਈ ਮੁੱਕਮਲ ਸੂਚਨਾ ਅਜੇ ਤੱਕ ਵੀ ਮੁਹੱਈਆ ਨਹੀ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਈ.ਮੇਲ. ਰਾਹੀਂ ਪ੍ਰਾਪਤ ਪੱਤਰ ਨੰ: 176/ਡੀ.ਸੀ.ਐਫ.ਏ. ਮਿਤੀ 3-2-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਦਸਿਆ ਗਿਆ ਕਿ ਇਸ ਕੇਸ ਦਾ ਸਬੰਧ ਚੁੰਗੀ ਬਰਾਂਚ ਨਾਲ ਹੈ ਅਤੇ ਇਹ ਪੱਤਰ ਮਿਤੀ 6-12-2019 ਰਾਹੀਂ ਤਬਦੀਲ ਕਰ ਦਿੱਤਾ ਗਿਆ ਸੀ ਅਤੇ ਪੱਤਰ ਮਿਤੀ 6-12-2019 ਰਾਹੀ਼ ਸ੍ਰੀ ਵਿਨੈ ਕੁਮਾਰ ਨਗਰ ਨਿਗਮ ਲੁਧਿਆਣਾ ਨੂੰ ਇਹ ਕੇਸ ਅਟੈਂਡ ਕਰਨ ਲਈ ਲਿਖਿਆ ਗਿਆ ਸੀ ਪਰ ਕੋਈ ਹਾਜ਼ਰ ਨਹੀਂ ਹੋਇਆ ਸੀ। ਇਸ ਤੋਂ ਇਲਾਵਾ ਪੱਤਰ ਨੰ: 257 /ਐਮ.ਓ. ਮਿਤੀ 16-1-2020 ਅਨੁਸਾਰ ਸੁਪਰਡੰਟ ਨਗਰ ਨਿਗਮ ਲੁਧਿਆਣਾ ਵਲੋਂ ਪਹਿਲੀ ਅਪੀਲੀ ਅਥਾਰਟੀ ਨੂੰ ਦਸਿਆ ਗਿਆ ਕਿ ਉਨ੍ਹਾਂ ਵਲੋਂ ਪੈਰਾ ਨੰ: 1 ਜ਼ੋ ਉਨ੍ਹਾਂ ਨਾਲ ਸਬੰਧਤ ਹੈ ਦਾ ਉੱਤਰ ਦੇ ਦਿੱਤਾ ਗਿਆ ਹੈ। ਨੁਕਤਾ ਨੰ: 2 ਤੋਂ 11 ਦਾ ਸਬੰਧ ਡੀ.ਸੀ.ਐਫ.ਏ. ਨਾਲ ਹੈ।ਉੱਤਰਦਾਤਾ ਨੂੰ ਪਿਛਲੀ ਮਿਤੀ ਨੂੰ ਜ਼ਾਰੀ ਹੁਕੱਮਾਂ ਅਨੁਸਾਰ ਮੰਗੀ ਗਈ ਸੂਚਨਾ ਮੁਹੱਈਆ ਕਰਵਾਉਣ ਲਈ ਲਿਖਿਆ ਗਿਆ ਸੀ ਪਰ ਅਪੀਲਕਰਤਾ ਨੂੰ ਸੂਚਨਾ ਦੇਣ ਦੀ ਬਜਾਇ ਐਮ.ਸੀ. ਆਫਿਸ ਲੁਧਿਆਣਾ ਵਲੋਂ ਆਪਸ ਵਿਚ ਪੱਤਰ ਵਿਹਾਰ ਕੀਤਾ ਜਾ ਰਿਹਾ ਸੀ। ਉੱਤਰਦਾਤਾ ਵਲੋਂ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਜਦੋਂ ਕਿ ਪਿਛਲੀ ਮਿਤੀ ਤੇ ਮਿਉਂਸਪਲ ਕਮਿਸ਼ਨਰ, ਲੁਧਿਆਣਾ ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਨੂੰ ਗੰਭੀਰਤਾ ਨਾਲ ਲੈ ਕੇ ਅਪੀਲਕਰਤਾ ਨੂੰ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਅਤੇ ਇਸ ਕੇਸ ਦਾ ਛੇਤੀ ਨਿਪਟਾਰਾ ਕੀਤਾ ਜਾਵੇ ਇਸ ਦੇ ਨਾਲ ਹੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਲਿਖਤੀ ਰੂਪ ਵਿਚ ਸਪਸ਼ਟੀਕਰਨ ਪੇਸ਼ ਕੀਤਾ ਜਾਵੇ।ਪਰ ਇਸਦੇ ਉਲਟ ਅਪੀਲਕਰਤਾ ਨੂੰ ਅਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਅਤੇ ਨਾ ਹੀ ਕੋਈ ਨੁਮਾਇੰਦਾ ਪੇਸ਼ੀ ਤੇ ਹਾਜ਼ਰ ਹੋਇਆ। ਇਸ ਲਈ ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਵਿਚ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ਼੍ਰੀ ਕੁਲਦੀਪ ਸਿੰਘ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਮੰਗੀ ਗਈ ਮੁੱਕਮਲ ਸੂਚਨਾ ਅਜੇ ਤੱਕ ਵੀ ਮੁਹੱਈਆ ਨਹੀ ਕਰਵਾਈ ਗਈ।

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 3633/2019**

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੰਦੀਪ ਕੁਮਾਰ, ਲੇਖਾਕਾਰ ਨਗਰ ਨਿਗਮ, (ਡੀ.ਸੀ.ਐਫ.ਏ.) ਲੁਧਿਆਣਾ ਵਲੋਂ ਹਾਜ਼ਰ ਹੋਇਆ। ਉਸ ਵਲੋਂ ਪੱਤਰ ਨ: 423/1/ਡੀ.ਸੀ.ਐਫ.ਏ. ਮਿਤੀ 28-2-2020 ਅਤੇ ਪੱਤਰ ਨੰ: 592/1/ਡੀ.ਸੀ.ਐਫ.ਏ. ਮਿਤੀ 16/3/2020 ਪੇਸ਼ ਕੀਤਾ ਗਿਆ ਜ਼ੋ ਪੀ.ਆਈਓ.ਅਮਲਾ ਸ਼ਾਖਾ ਅਤੇ ਚੂੰਗੀ ਸ਼ਾਖਾ ਨਗਰ ਨਿਗਮ, ਲੁਧਿਆਣਾ ਨੂੰ ਸੰਬੋਧਤ ਹੈ ਅਤੇ ਉਤਾਰਾ ਅਪੀਲਕਰਤਾ ਨੂੰ ਕੀਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਅਨੁਸਾਰ ਉਸ ਨੂੰ ਅਜੇ ਤੱਕ ਕੇਵਲ 2-3 ਨੁਕਤਿਆਂ ਦੀ ਹੀ ਸੂਚਨਾ ਦਿੱਤੀ ਗਈ ਬਾਕੀ ਦੀ ਸੂਚਨਾ ਨਹੀਂ ਦਿੱਤੀ ਜਾ ਰਹੀ। ਉੱਤਰਦਾਤਾ ਵਲੋਂ ਵੀ ਆਪਣੇ ਉਕਤ ਪੱਤਰ ਮਿਤੀ 16-3-2020 ਰਾਹੀਂ ਨੁਕਤਾ ਨੰ: 2 ਅਤੇ 3 ਨਾਲ ਸਬੰਧਤ ਸੂਚਨਾ ਦਿੱਤੀ ਜਾ ਰਹੀ ਹੈ । ਬਾਕੀ ਦੀ ਸੂਚਨਾ ਬਾਰੇ ਪੱਤਰ ਮਿਤੀ 28-2-2020 ਵਿਚ ਦਸਿਆ ਗਿਆ ਹੈ ਕਿ ਅਪੀਲ ਕਰਤਾ ਨਗਰ ਨਿਗਮ ਦੀ ਜਿਸ ਸ਼ਾਖਾ ਤੋਂ ਸੇਵਾ ਮੁਕਤ ਹੋਏ ਹਨ ਬਾਕੀ ਦੀ ਸੂਚਨਾ ਉਨ੍ਹਾਂ ਵਲੋਂ ਦੇਣੀ ਬਣਦੀ ਹੈ, ਪਰ ਸਬੰਧਤ ਸ਼ਾਖਾਵਾਂ ਵਲੋਂ ਉਨ੍ਹਾਂ ਨਾਲ ਸਬੰਧਤ ਸੂਚਨਾ ਅਪੀਲਕਰਤਾ ਨੂੰ ਅੱਜੇ ਤੱਕ ਮੁੱਹਈਆ ਨਹੀਂ ਕਰਵਾਈ ਗਈ ਜਿਸਦਾ ਕਮਿਸ਼ਨ ਵਲੋਂ ਸਖਤ ਨੋਟਿਸ ਲਿਆ ਗਿਆ ਹੈ। ਇਸ ਸਬੰਧੀ ਉਕਤ ਪੱਤਰ ਮਿਤੀ 16-3-2020 ਰਾਹੀਂ ਵੀ ਅਮਲਾ ਸ਼ਾਖਾ ਅਤੇ ਚੂੰਗੀ ਸ਼ਾਖਾ ਨਗਰ ਨਿਗਮ, ਲੁਧਿਆਣਾ ਨੂੰ ਲਿਖਿਆ ਜਾ ਚੁਕਿਆ ਹੈ। ਇਸ ਲਈ ਅਮਲਾ ਸ਼ਾਖਾ, ਨਗਰ ਨਿਗਮ ਲੁਧਿਆਣਾ ਅਤੇ ਚੂੰਗੀ ਸ਼ਾਖਾ, ਨਗਰ ਨਿਗਮ ਲੁਧਿਆਣਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਉਦੇ ਹੋਏ ਪੇਸ਼ੀ ਦੀ ਅਗਲੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ **ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 01-04-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 17 ਮਾਰਚ, 2020.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125, ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਰੀਦਕੋਟ.

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3820 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸ਼ਿਅਲ ਅਤੇ ਨਾਨ ਕਮਰਸ਼ਿਅਲ ਵਾਹਣਾ ਲਈ ਟਰੈਕ ਤੇ ਡਰਾਈਵ ਟੈਸਟ ਅਤੇ ਡਰਾਈਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 05-02-2020 ਨੂੰ ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ, ਹਾਜ਼ਰ ਹੋਇਆ। ਉੱਤਰਦਾਤਾ ਵਲੋਂ ਹਾਜਰ ਨੁਮਾਇੰਦੇ ਨੂੰ ਮੰਨਿਆ ਨਹੀਂ ਜਾ ਸਕਦਾ ਕਿਉਂਕਿ ਉਸ ਕੋਲ ਵਕਾਲਤਨਾਮਾ ਨਹੀਂ ਹੈ, ਸਧਾਰਨ ਪੱਤਰ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਵੇਰਵੇ ਸਹਿਤ ਨੰਬਰਵਾਇਜ਼ ਉੱਤਰ ਦਿੱਤਾ ਜਾਵੇ।ਇਸ ਲਈ ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਗਈ ਸੀ ਕਿ ਉਹ ਪੇਸ਼ੀ ਤੇ ਆਪ ਹਾਜ਼ਰ ਹੋਣ ਅਤੇ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ/ਜਾਣਕਾਰੀ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

4. ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ

5. ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਗਈ ਹੈ। ਜਿਸਦਾ ਕਮਿਸ਼ਨ ਵਲੋਂ ਸਖਤ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਗਈ ਸੂਚਨਾ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਵਾ ਕੇ ਕਮਿਸਨ ਨੂੰ ਸੂਚਿਤ ਕੀਤਾ ਜਾਵ ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 23-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 17 ਮਾਰਚ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਚਰਨਜੀਤ ਕੋਰ ਪਤਨੀ ਅਜਮੇਰ ਸਿੰਘ 8872897099
ਮਕਾਨ ਨੰ 2193 ਪਹਿਲੀ ਮੰਜਲ ਜਲ ਵਾਯੂ ਵਿਹਾਰ ,ਮੁਹਾਲੀ, -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਕਮ ਡੀਨ ਰਿਸਰਚ,
ਪੰਜਾਬੀ ਯੂਨੀਵਰਸਿਟੀ ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡੀਨ ਰਿਸਰਚ ਪੰਜਾਬੀ ਯੂਨੀਵਰਸਿਟੀ ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 3483/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ (99141-05515)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-05-2019, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬੀ ਯੂਨੀਵਰਸਿਟੀ ਤੋ 2003-2005 ਤੋਂ 2014-15 ਤੱਕ ਹੁਮੈਨਿਟੀ ਗਰੁਪ ਦੇ ਪ੍ਰਾਈਵੇਟ ਵਿਦਿਆਰਥੀਆਂ ਲਈ ਪ੍ਰੀਖਿਆ ਫਾਰਮਾਂ ਦੀ ਸਪੈਸੀਮੈਨ ਕਾਪੀਆਂ ਨਾਲ ਸਬੰਧਤ 03 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

**2.** ਪਿਛਲੀ ਮਿਤੀ 05-02-2020 ਨੂੰ ਅਪੀਲਕਰਤਾ ਵਲੋਂ ਸ੍ਰੀ ਅਜਮੇਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਪੱਤਰ ਮਿਤੀ 5-2-2020 ਪੇਸ਼ ਕੀਤਾ ਗਿਆ ਅਤੇ ਦਸਿਆ ਗਿਆ ਕਿ ਭੇਜੀ ਗਈ ਸੂਚਨਾ ਸਹੀ ਨਹੀਂ ਹੈ ਅਤੇ ਨਾ ਹੀ ਆਰ.ਟੀ.ਆਈ. ਅਰਜੀ ਮਿਤੀ 15-5-2019 ਦੇ ਪੈਰਾ 9(ਾਂ)ਤੋਂ (ਾਂਾਂਾਂ) ਅਤੇ ਪਹਿਲੀ ਅਪੀਲ ਮਿਤੀ 7-8-2019 ਦੇ ਪੈਰਾ 5(ਾਂਾਂਾਂ) ਅਨੁਸਾਰ ਨਹੀਂ ਦਿੱਤੀ ਗਈ। ਉਸ ਵਲੋਂ ਇਸ ਵਿਚ ਪੱਤਰ ਨੰ: 1798/ਐਸ-7/10-18/ਆਰਟੀ.ਆਈ.ਸੈਂਲ ਮਿਤੀ 20-3-2018 ਨਾਲ ਭੇਜੇ ਗਏ ਨਮੂਨਾ ਫਾਰਮ ਫਾਰਮ ਨੰ: ਟੀ 9287 ਬਾਰੇ ਸਪਸਟ ਕੀਤਾ ਜਾਵੇ ਕਿ ਇਹ ਯੂਨੀਵਰਸਿਟੀ ਵਿਚ ਕਿਸ/ਕਿਹੜੇ ਸਾਲ ਤੋਂ ਲਾਗੂ ਹੈ? ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ ਵਲੋਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਸਮੇ ਸਮੇਂ ਮੰਗੀ ਗਈ ਜਾਣਕਰੀ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਉਸ ਵਲੋਂ ਤਰੁੱਟੀਆਂ ਦਸੀਆਂ ਜਾਣੀਆਂ ਸਨ ਜੋ ਅਜੇ ਤੱਕ ਨਹੀ਼ ਦਸੀਆਂ ਗਈਆਂ। ਇਸ ਸਬੰਧ ਵਿਚ ਉਸ ਵਲੋਂ ਉੱਤਰਦਾਤਾ ਦੇ ਪਤਰ ਨੰ: 250/ਐਸ-7/497-19/ਆਰ.ਟੀ.ਆਈ.ਸੈਲ ਮਿਤੀ 13-1-2020 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ ਜੋ ਡਾਕ ਰਾਹੀਂ ਪ੍ਰਾਪਤ ਹੋਇਆ ਸੀ। ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਤੇ ਪੇਸ਼ ਕੀਤੀਆਂ ਗਈਆਂ ਦਲੀਲਾਂ ਉਪਰੰਤ ਇਹ ਸਹਿਮਤੀ ਬਣੀ ਕਿ ਅਪੀਲਕਰਤਾ ਪੀ.ਆਈ.ਓ. ਦੇ ਦਫਤਰ ਕਿਸੇ ਕੰਮ ਵਾਲੇ ਦਿਨ ਹਾਜਰ ਹੋ ਕੇ ਰਿਕਾਰਡ ਵੇਖੇਗਾ ਅਤੇ ਉੱਤਰਦਾਤਾ ਸ਼ਨਾਖਤ ਕੀਤੇ ਗਏ ਦਸਤਾਵੇਜ ਅਤੇ ਸਰਟੀਫਿਕੇਟ ਦੀਆਂ ਕਾਪੀਆਂ ਦੇ ਦੇਵੇਗਾ। ਇਸ ਲਈ ਅਪੀਲਕਰਤਾ ਮਿਤੀ 1-3-2020 ਤੋਂ 05-03-2020 ਤੱਕ ਪੀ.ਆਈ.ਓ. ਨਾਲ ਸੰਪਰਕ ਕਰਕੇ ਉਨ੍ਹਾਂ ਦੇ ਦਫਤਰ ਜਾ ਕੇ ਰਿਕਾਰਡ ਵੇਖਗਾ। ਉੱਤਰਦਾਤਾ ਵਲੋਂ ਸਨਾਖਤ ਕੀਤੇ ਗਏ ਦਸਤਾਵੇਜ਼ ਦੇ ਦੇਵੇਗਾ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇਗਾ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਜਾਣਕਾਰੀ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਵਿਕਰਾਂਤ ਸ਼ਰਮਾਂ, ਐਡਵੋਕੇਟ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 1850/ਐਸ.7/497-19/ਆਰ.ਟੀ.ਆਈ.ਸੈਂਲ ਮਿਤੀ 11-3-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ

ਪਰਤੋ ਜੀ------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**ਅਪੀਲ ਕੇਸ ਨੰ:** 3483/2019

ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 11-3-2020 ਰਾਹੀਂ ਸੂਚਿਤ ਕੀਤਾ ਗਿਆ ਕਿ ਕਮਿਸ਼ਨ ਦੇ ਹੁਕੱਮਾਂ ਅਨਸਾਰ ਪ੍ਰੀਖਿਆ ਸ਼ਾਖਾ ਦੀ ਰਿਪੋਰਟ ਅਨੁਸਾਰ ਮਿਤੀ 2੍3-2020 ਨੂੰ ਬਿਨੈਕਾਰ ਨੂੰ ਮੰਗੀ ਗਈ ਜਾਣਕਾਰੀ ਨਾਲ ਸਬੰਧਤ ਸਾਰਾ ਰਿਕਾਰਡ ਵਿਖਾ ਦਿੱਤਾ ਗਿਆ ਹੈ ਉਹ ਮੌਜੂਦਾ ਰਿਕਾਰਡ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹੈ, ਜਿਸਦੀ ਪੁਸਟੀ ਅਪੀਲਕਰਤਾ ਵਲੋਂ ਤਿਆਰ ਕੀਤੀਆਂ ਗਈਆਂ ਪ੍ਰੋਸੀਡਿੰਗ ਮਿਤੀ 2-3-2020 ਉਪਰ ਅਪੀਲਕਰਤਾ ਦੇ ਹਸਤਾਖਰਾਂ ਤੋਂ ਹੁੰਦੀ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 17 **ਮਾਰਚ** , 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਹਰਭਜਨ ਸਿੰਘ ਪੁੱਤਰ ਸ੍ਰੀ ਮੋਹਨ ਸਿੰਘ,
ਪਿੰਡ ਗੀਗਨਵਾਲ ਡਾਕਖਾਨਾ ਬਹਿਰਾਮ ਸ਼ਰਿਸ਼ਤਾ,ਜਲੰਧਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਬੀ.ਡੀ.ਪੀ.ਓ. ਭੋਗਪੁਰ, ਜ਼ਿਲ੍ਹਾ ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਡੀ.ਡੀ.ਪੀ.ਓ. ਜਲੰਧਰ। ------ਉੱਤਰਦਾਤਾ

**ਅਪੀਲ ਕੇਸ ਨੰ: 1489 ਆਫ 2018**

**ਹਾਜ਼ਰ:**

1. ਅਪੀਲਕਰਤਾ ਵਲੋਂ ਸ੍ਰੀ ਹਰਭਜਨ ਸਿੰਘ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-10-2018, ਲੋਕ ਸੂਚਨਾ ਅਧਿਕਾਰੀ ਬੀ.ਡੀ.ਪੀ.ਓ. ਭੋਗਪੁਰ, ਜ਼ਿਲ੍ਹਾ ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਰਪੰਚ ਗ੍ਰਾਮ ਪੰਚਾਇਤ ਗੀਗਨਵਾਲ ਨੂੰ ਮਿਤੀ 01-04-2014 ਤੋਂ 30-9-2018 ਤੱਕ ਵਿਕਾਸ ਕਾਰਜਾਂ ਲਈ ਵੱਖ ਵੱਖ ਕਿਸਮਾਂ ਦੀਆਂ ਗ੍ਰਾਟਾਂ ਨਾਨ ਸਬੰਧਤ 10 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-2-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-4-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਕੇਸ ਵਿਚ ਪੂਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੋਂ ਅਗਲੀ ਮਿਤੀ ਬਾਰੇ ਬਾਅਦ ਵਿਚ ਸੂਚਿਤ ਕਰਨ ਲਈ ਲਿਖਿਆ ਗਿਆ ਸੀ। ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਹੋਣ ਉਪਰੰਤ ਇਸ ਕਮਿਸ਼ਨ ਵਲੋਂ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 24-02-2020 ਨੂੰ ਅਪੀਲਕਰਤਾ ਵਲੋਂ ਸ੍ਰੀ ਹਰਭਜਨ ਸਿੰਘ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਕਮਿਸ਼ਨ ਦੇ ਹੁਕੱਮਾਂ ਅਨੁਸਾਰ ਅੱਜੇ ਤੱਕ ਕੰਪਨਸੇਸ਼ਨ ਦੀ ਰਕਮ ਰੁ: 3000/- ਪ੍ਰਾਪਤ ਨਹੀਂ ਹੋਈ ਅਤੇ ਨਾ ਹੀ ਸੂਚਨਾ ਪ੍ਰਾਪਤ ਹੋਈ ਹੈ। ਇਸ ਸਬੰਧੀ ਉਸ ਵਲੋਂ ਉੱਤਰਦਾਤਾ ਨੂੰ ਲਿਖੇ ਪਤਰ ਮਿਤੀ 13-1-2020 ਵੀ ਪੇਸ਼ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਕੇਸ ਵਿਚ ਪੂਰਵਲੇ ਕਮਿਸ਼ਨ ਵਲੋਂ ਵੀ ਇਸ ਗੱਲ ਦਾ ਸ਼ਖਤ ਨੋਟਿਸ ਲੈਂਦੇ ਹੋਏ ਡਾਇਰੈਕਟਰ, ਰੂਰਲ ਡਿਵੈਲਪਮੈਂਟ ਅਤੇ ਪੰਚਾਇਤ ਵਿਭਾਗ, ਪੰਜਾਬ ਨੂੰ ਵੀ ਲਿਖਿਆ ਗਿਆ ਸੀ, ਪਰ ਕੋਈ ਜਵਾਬ ਪ੍ਰਾਪਤ ਨਹੀਂ ਹੋਇਆ ਅਤੇ ਨਾ ਹੀ ਕੋਈ ਨੁਮਾਇੰਦਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ। ਇਸ ਲਈ ਕਮਿਸ਼ਨ ਵਲੋਂ ਇਸ ਗੱਲ ਦਾ ਗੰਭੀਰ ਨੋਟਿਸ ਲੈਂਦੇ ਹੋਏ ਆਦੇਸ਼ ਦਿੱਤੇ ਗਏ ਸਨ ਕਿ ਅਗਲੀ ਨਿਸਚਿਤ ਮਿਤੀ ਤੇ ਬੀ.ਡੀ.ਪੀ.ਓ. ਬਲਾਕ ਭੋਗਪੁਰ ਕੰਪਨਸੇਸ਼ਨ ਦੀ ਰਕਮ ਰੁ: 3000/- ਦਾ ਡਰਾਫਟ ਅਤੇ ਇਸ ਕੇਸ ਵਿਚ ਹੁਣ ਤੱਕ ਕੀਤੀ ਗਈ ਕਾਰਵਾਈ ਸਬੰਧੀ ਵੇਰਵੇ ਸਹਿਤ ਵਿਸਥਾਰਪੂਰਵਕ ਰਿਪੋਰਟ ਤਿਆਰ ਕਰਕੇ ਲਿਆਉਣਗੇ ਅਤੇ ਹੁਣ ਤੱਕ ਮੰਗੀ ਗਈ ਸੂਚਨਾ ਕਿਉਂ ਨਹੀਂ ਦਿੱਤੀ ਗਈ ਸਬੰਧੀ ਆਪਣਾ ਸਪਸ਼ਟੀਕਰਨ ਲੈ ਕੇ ਅਗਲੀ ਪੇਸ਼ੀ ਤੇ ਖ਼ੁੱਦ ਪੇਸ਼ ਹੋਣਗੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਪਿਛਲੀ ਮਿਤੀ 24-2-2020 ਨੂੰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਬੀ.ਡੀ.ਪੀ.ਓ. ਬਲਾਕ ਭੋਗਪੁਰ ਕੰਪਨਸੇਸ਼ਨ ਦੀ ਰਕਮ ਰੁ: 3000/- ਦਾ ਡਰਾਫਟ ਅਤੇ ਇਸ ਕੇਸ ਵਿਚ ਹੁੱਣ ਤੱਕ ਕੀਤੀ ਗਈ ਕਾਰਵਾਈ ਸਬੰਧੀ ਵੇਰਵੇ ਸਹਿਤ ਵਿਸਥਾਰਪੂਰਵਕ ਰਿਪੋਰਟ ਤਿਆਰ ਕਰਕੇ ਲਿਆਉਣਗੇ ਅਤੇ ਹੁਣ ਤੱਕ ਮੰਗੀ ਗਈ ਸੂਚਨਾ ਕਿਉਂ ਨਹੀਂ ਦਿੱਤੀ ਗਈ ਸਬੰਧੀ ਆਪਣਾ ਸਪਸ਼ਟੀਕਰਨ ਲੈ ਕੇ ਅਗਲੀ ਪੇਸ਼ੀ ਤੇ ਖੁੱਦ ਪੇਸ਼ ਹੋਣਗੇ। ਪਰ ਇਸ ਦੇ ਬਾਵਜੂਦ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਜਿਸ ਦਾ ਸ਼ਖਤ ਨੋਟਿਸ ਲੈਂਦੇ ਹੋਏ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਇਨ੍ਹਾਂ ਹੁਕੱਮਾਂ ਦੀ ਪਾਲਣਾ ਕਰਦੇ ਹੋਏ ਅਗਲੀ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ **ਕੇਸ ਅਗਲੀ ਸੁਣਵਾਈ ਮਿਤੀ 01-04-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 17 ਮਾਰਚ , 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਚਮਕੌਰ ਸਿੰਘ 7009845945
ਨੈੜੇ ਕਲਗੀਧਰ ਸਕੂਲ ਸੰਤ ਕਲੋਨੀ ਬੀਗਰਵਾਲ ਰੋਡ ਸੁਨਾਮ ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਅਡੀਸ਼ਨਲ ਡਿਪਟੀ ਕਮਿਸ਼ਨਰ (ਡੀ) ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਅਡੀਸ਼ਨਲ ਡਿਪਟੀ ਕਮਿਸ਼ਨਰ (ਡੀ) ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:4492 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋਂ ਕੋਈ ਨਹੀਂ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਨਹੀਂ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 3-5-2019, ਲੋਕ ਸੂਚਨਾ ਅਧਿਕਾਰੀ ਦਫਤਰ ਦਫਤਰ ਅਡੀਸ਼ਨਲ ਡਿਪਟੀ ਕਮਿਸ਼ਨਰ (ਡੀ) ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 3-2-2019 ਤੋਂ 15-3-2019 ਦੋਰਾਨ ਮਗਨਰੇਗਾ ਤਹਿਤ ਹੋਈ ਏ.ਪੀ.ਓ. ਦੀ ਭਰਤੀ ਨਾਲ ਸਬੰਧਤ 3 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-6-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 3-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 25-02-2020 ਨੂੰ ਅਪੀਲਕਰਤਾ ਸ੍ਰੀ ਚਮਕੌਰ ਸਿੰਘ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸਹੀ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ। ਇਸ ਦੇ ਨਾਲ ਹੀ ਦਸਿਆ ਗਿਆ ਕਿ ਉਸ ਵਲੋਂ ਆਪਣੇ ਨਾਲ ਸਬੰਧਤ ਸੂਚਨਾ ਮੰਗੀ ਗਈ ਹੈ ਜ਼ੋ ਅੱਜੇ ਤੱਕ ਨਹੀ ਦਿੱਤੀ ਜਾ ਰਹੀ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਆਰ.ਕੇ.ਸਿੰਘ, ਏ.ਪੀ.ਓ.,ਦਫਤਰ ਏ.ਡੀ.ਸੀ,ਸੰਗਰੂਰ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 8340 ਮਿਤੀ 13-2-2020 ਪੇਸ਼ ਕੀਤਾ ਗਿਆ, ਜ਼ੋ ਕਿ ਪਹਿਲਾਂ ਹੀ ਡਾਕ ਰਾਹੀਂ ਮਿਤੀ 19-2-2020 ਨੂੰ ਅਤੇ ਈ.ਮੇਲ ਮਿਤੀ 17-2-2020 ਰਾਹੀਂ ਪ੍ਰਾਪਤ ਹੋ ਚੁੱਕਾ ਸੀ। ਜਿਸ ਰਾਹੀਂ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਪੱਤਰ ਮਿਤੀ 11.6.2019 ਰਾਹੀਂ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਉਪਰੰਤ ਉਸ ਵਲੋਂ ਕੀਤੀ ਗਈ ਅਪੀਲ ਉਪਰੰਤ ਵੀ ਅਪੀਲੀ ਅਥਾਰਟੀ ਵਲੋਂ ਸੂਚਨਾ ਨਾ ਦੇਣ ਦਾ ਫੈਸਲਾ ਲੈਂਦੇ ਹੋਏ ਪੱਤਰ ਮਿਤੀ 15-11-2019 ਰਾਹੀਂ ਸੂਚਿਤ ਕੀਤਾ ਜਾ ਚੁੱਕਾ ਹੈ। ਇਨ੍ਹਾਂ ਪੱਤਰਾਂ ਰਾਹੀਂ ਉਸਨੂੰ ਸੂਚਿਤ ਕੀਤਾ ਗਿਆ ਸੀ ਕਿ ਇਹ ਸੂਚਨਾ ਮੈਟਰ ਆਫ ਸੀਕਰੇਸੀ ਹੋਣ ਕਾਰਨ ਨਹੀਂ ਦਿੱਤੀ ਜਾ ਸਕਦੀ। ਅਪੀਲਕਰਤਾ ਵਲੋਂ ਪ੍ਰਸ਼ਨ ਨਹੀਂ ਕੀਤਾ ਗਿਆ ਬਲਕਿ ਉਸ ਵਲੋਂ ਦਿੱਤੇ ਗਏ ਲਿਖਤੀ ਟੈਸਟ ਦੀ ਆਪਣੇ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਫਸਰ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਮੰਗੀ ਗਈ ਉਸਦੇ ਨਾਲ ਸਬੰਧਤ ਜਾਣਕਾਰੀ /ਦਸਤਾਵੇਜ਼ਾਂ ਦੀ ਕਾਪੀ ਤਸਦੀਕ ਕਰਕੇ ਦਿੱਤੇ ਜਾਣ, ਕਿਸੇ ਹੋਰ ਦੀ ਜਾਣਕਾਰੀ ਨਾਲ ਸਬੰਧਤ ਜਾਣਕਾਰੀ/ਦਸਤਾਵੇਜ਼ ਨਾ ਦਿਤੇ ਜਾਣ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਉਨ੍ਹਾਂ ਵਲੋਂ ਈ.ਮੇਲ ਮਿਤੀ 16-03-2020 ਰਾਹੀਂ ਪ੍ਰਾਪਤ ਹੋਈ ਹੈ। ਈ.ਮੇਲ ਮਿਸਲ ਤੇ ਰੱਖ ਲਈ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

5. ਅਪੀਲਕਰਤਾ ਵਲੋਂ ਪ੍ਰਾਪਤ ਈ.ਮੇਲ. ਮਿਤੀ 16-3-2020 ਰਾਹੀਂ ਪੱਤਰ ਮਿਤੀ 16-3-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਸੁਚਿਤ ਕੀਤਾ ਗਿਆ ਹੈ ਕਿ ਕਮਿਸ਼ਨ ਦੇ ਹੁਕੱਮਾਂ ਦੀ ਪਾਲਣਾ ਕਰਦੇ ਹੋਏ ਸਬੰਧਤ ਵਿਭਾਗ ਵਲੋਂ ਉਸਨੂੰ ਮੰਗੀ ਗਈ ਸੂਚਨਾ ਦੇ ਦਿੱਤੀ ਗਈ ਹੈ। ਇਸ ਲਈ ਇਹ ਕੇਸ ਜ਼ੋ ਮਿਤੀ 17-3-2020 ਨੂੰ ਲਗਾ ਹੈ ਬੰਦ ਕਰਨ ਦੀ ਬੇਨਤੀ ਕੀਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 17 ਮਾਰਚ , 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰਾਮ ਚੰਦ ਵਰਮਾ 9417165474
ਏਸੇ 76 ਰਣਜੀਤ ਐਵਿਨਿਓ ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਪ੍ਰਿੰਸੀਪਲ ਐਸ.ਐਸ.ਐਮ. ਕਾਲਜ਼ ਦੀਨਾਨਗਰ।

ਪਹਿਲੀ ਅਪੀਲੀ ਅਥਾਰਟੀ,
ਡੀ.ਪੀ.ਆਈ. ਕਾਲਜ਼ ਪੰਜਾਬ ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:4498 ਆਫ 2019**

**ਹਾਜ਼ਰ:**

1. ਅਪੀਲਕਰਤਾ ਸ੍ਰੀ ਰਾਮ ਚੰਦ ਵਰਮਾ
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਨਹੀ।

**ਹੁਕੱਮ:**

ਪਿਛਲੀ ਮਿਤੀ 25-02-2020 ਨੂੰ ਅਪੀਲਕਰਤਾ ਸ੍ਰੀ ਰਾਮ ਚੰਦ ਵਰਮਾ ਪੇਸ਼ੀ ਤੇ ਹਾਜ਼ਰ ਹੋਇਆ,ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਅਜੇ ਤੱਕ ਉਸਨੂੰ ਕੋਈ ਸੂਚਨਾ ਨਹੀਂ ਦਿੱਤੀ ਗਈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

2. ਇਸ ਕੇਸ ਵਿਚ ਅਪੀਲਕਰਤਾ ਵਲੋਂ ਆਪਣੀ ਆਰ.ਟੀ.ਆਈ. ਅਰਜੀ ਮਿਤੀ 6-5-2019 ਰਾਹੀਂ ਐਸ.ਐਸ.ਐਮ. ਕਾਲਜ, ਦੀਨਾਨਗਰ ਦੇ ਮੈਬਰਾਂ ਅਤੇ ਆਫਿਸ ਬਿਅਰਰਜ਼ ਦੇ ਨਾਮ ਮੰਗੇ ਗਏ ਹਨ। ਇਹ ਸੂਚਨਾ ਕੇਵਲ ਕਾਲਜ਼ ਦੇ ਮੈਬਰ ਅਤੇ ਮੇਨੇਜਮੈਂਟ ਕਮੇਟੀ ਦੇ ਨੁਮਾਇੰਦਿਆਂ ਦੇ ਨਾਮ ਨਾਲ ਸਬੰਧਤ ਹੈ ਜ਼ੋ ਕਿ ਦਿਤੀ ਜਾ ਸਕਦੀ ਹੈ, ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਉਕਤ ਸੂਚਨਾ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਅਗਲੀ ਮਿਤੀ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਅਜੇ ਤੱਕ ਉਸਨੂੰ ਕੋਈ ਸੂਚਨਾ ਨਹੀਂ ਦਿੱਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

5. ਅਪੀਲਕਰਤਾ ਵਲੋਂ ਦਸੇ ਅਨੁਸਾਰ ਉਹ ਲਗਾਤਾਰ ਪਿਛਲੀਆਂ 2 ਮਿਤੀਆਂ ਤੇ ਹਾਜ਼ਰ ਹੋਇਆ ਹੈ ਪਰ ਉੱਤਰਦਾਤਾ ਵਲੋਂ ਨਾ ਤਾਂ ਸੂਚਨਾ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਮੈਸਜ਼ ਦੇਣ ਦੇ ਬਾਵਜੂਦ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋਏ ਅਤੇ ਨਾ ਹੀ ਲਿਖਤੀ ਰੂਪ ਵਿਚ ਕੋਈ ਸੂਚਨਾ ਜਾਂ ਪੱਖ ਪੇਸ਼ ਕੀਤਾ ਜਾ ਰਿਹਾ ਹੈ। ਇਸ ਤਰ੍ਹਾਂ ਸਪਸ਼ੱਟ ਹੈ ਕਿ ਉਹਨਾਂ ਵਲੋਂ ਆਰ.ਟੀ.ਆਈ. ਐਕਟ 2005 ਦੀ ਪਾਲਣਾ ਨਹੀਂ ਕੀਤੀ ਜਾ ਰਹੀ ਅਤੇ ਨਾ ਹੀ ਕਮਿਸ਼ਨ ਦੇ ਹੁਕੱਮਾਂ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਇਸ ਲਈ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਜਾਣਬੁਝ ਕੇ ਸੂਚਨਾ ਨਾ ਦੇ ਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਇਸ ਲਈ ਉੱਤਰਦਾਤਾ ਨੂੰ ਰੁ: 2000/- ਬਤੌਰ ਹਰਜਾਨਾ ਪਾਇਆ ਜਾਂਦਾ ਹੈ ਅਤੇ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਨਾਮ ਦਾ ਬੈਂਕ ਡਰਾਫਟ ਬਣਾ ਕੇ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਸੂਚਨਾ ਅਤੇ ਡਰਾਫਟ ਅਪੀਲਕਰਤਾ ਨੂੰ ਦਿੱਤਾ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਉਪਰੰਤ ਵੀ ਜੇਕਰ ਉਹ ਕਮਿਸ਼ਨ ਦੇ ਹੁਕੱਮਾਂ ਦੀ ਪਾਲਣਾ ਨਹੀਂ ਕਰਦੇ ਅਤੇ ਪੇਸ਼ੀ ਤੇ ਹਾਜ਼ਰ ਨਹੀਂ ਹੁੰਦੇ ਤਾਂ ਆਰ.ਟੀ.ਆਈ.ਐਕਟ 2005 ਤਹਿਤ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਹਦਾਇਤ ਨਾਲ ਇਹ **ਕੇਸ ਅਗਲੀ ਸੁਣਵਾਈ ਮਿਤੀ 01-04-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 17 **ਮਾਰਚ** , 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜਗਸੀਰ ਸਿੰਘ 9592339759
ਛੱਜੂ ਭੱਟ ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਮੈਡੀਕਲ ਸੁਪਰਡੰਟ ਰਾਜ਼ਿੰਦਰਾ ਮੈਡੀਕਲ ਕਾਲਜ
ਐਂਡ ਹੋਸਪਿਟਲ, ਪਟਿਆਲਾ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1039 ਆਫ 2019**

**ਹਾਜ਼ਰ:**

1. ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਡਾ:ਰਾਜਿੰਦਰ ਸਿੰਘ ਪੀ.ਆਈ.ਓ. ਅਤੇ ਸ੍ਰੀ ਜ਼ੋਗੇਸ਼ ਕੁਮਾਰ ਏ.ਪੀ.ਓ. (7696020051)।

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-10-2019 , ਲੋਕ ਸੂਚਨਾ ਅਧਿਕਾਰੀ ਦਫਤਰ ਮੈਡੀਕਲ ਸੁਪਰਡੰਟ ਰਾਜ਼ਿੰਦਰਾ ਮੈਡੀਕਲ ਕਾਲਜ ਐਂਡ ਹੋਸਪਿਟਲ, ਪਟਿਆਲਾ ਨੂੰ ਬਿਨੈਪੱਤਰ ਪੇਸ਼ ਕੀਤਾ ਗਿਆ ਸੀ। ਜਿਸ ਰਾਹੀਂ ਉਸ ਨੇ ਆਪਣੇ ਪਿਤਾ ਸ੍ਰੀ ਰਘਵੀਰ ਸਿੰਘ ਪੁੱਤਰ ਸ੍ਰੀ ਕਿਸ਼ਨ ਸਿੰਘ ਵਾਸੀ ਪਿੰਡ ਛੱਜੂ ਭੱਟ ਤਹਿਸੀਲ ਨਾਭਾ ਨੂੰ ਅਚਾਨਕ ਬਿਮਾਰ ਹੋਣ ਕਾਰਨ ਮਿਤੀ 24-1-2019 ਨੂੰ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਕੀਤੇ ਇਲਾਜ਼ ਨਾਲ ਸਬੰਧਤ 7 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 3-12-2019 ਨੂੰ ਕਮਿਸ਼ਨ ਕੋਲ ਦੂਜੀ ਸ਼ਿਕਾਇਤ ਦਾਇਰ ਕੀਤੀ ਸੀ। ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 25-02-2020 ਨੂੰ ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਡਾ: ਰਾਜਿੰਦਰ ਸਿੰਘ, ਵਲੋਂ ਪ੍ਰਾਪਤ ਈ.ਮੇਲ. ਮਿਤੀ 25-2-2020 ਰਾਹੀਂ ਸੂਚਿਤ ਕੀਤਾ ਗਿਆ ਕਿ ਉਸਦਾ ਬੇਟਾ ਬਿਮਾਰ ਹੈ ਅਤੇ ਹਸਪਤਾਲ ਵਿਚ ਹੈ, ਜਿਸ ਕਰਕੇ ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਇਸ ਕੇਸ ਵਿਚ ਅਗਲੀ ਤਾਰੀਖ ਦਿੱਤੀ ਜਾਵੇ। ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਅਤੇ ਉੱਤਰਦਾਤਾ ਦੇ ਨੁਮਾਇੰਦੇ ਵਲੋਂ ਸਮੇਂ ਦੀ ਮੰਗ ਕੀਤੀ ਗਈ ਹੈ, ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 17-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਫਸਰ) ਡਾ:ਰਾਜਿੰਦਰ ਸਿੰਘ ਪੀ.ਆਈ.ਓ. ਅਤੇ ਸ੍ਰੀ ਜ਼ੋਗੇਸ਼ ਕੁਮਾਰ ਏ.ਪੀ.ਓ. ਹਾਜ਼ਰ ਹੋਏ। ਉਨ੍ਹਾਂ ਵਲੋਂ ਪੱਤਰ ਨੰ: ਆਰ.ਟੀ.ਆਈ./2019/17 ਮਿਤੀ 17-3-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

